E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-2022) ਦੇ ਮਤਾ ਨੰਬਰ ੦੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਤੋਤਾ ਸਿੰਘ ਜੀ, ਸੀਨੀਅਰ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ, ਉੱਘੇ ਅਕਾਲੀ ਆਗੂ, ਸਾਬਕਾ ਕੈਬਨਿਟ ਮੰਤਰੀ ਪੰਜਾਬ, ਸਾਬਕਾ ਚੇਅਰਮੈਂਨ ਮੰਡੀਕਰਨ ਬੋਰਡ ਪੰਜਾਬ, ਸਾਬਕਾ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ, ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਮਨਾਈਆਂ ਗਈਆਂ ਇਤਿਹਾਸਿਕ ਸ਼ਤਾਬਦੀਆਂ ਮਨਾਉਣ ਸਮੇਂ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਤੋਤਾ ਸਿੰਘ ਜੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22503(T)

ਮਿਤੀ 17 - 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੦੨ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ, ਵਿੱਦਿਅਕ ਖੇਤਰ, ਧਰਮ ਪ੍ਰਚਾਰ ਸੇਵਾਵਾਂ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ। ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਨੇ ਇੱਕ ਵਿਦਵਾਨ ਸਿੱਖ ਸਕਾਲਰ ਵੱਜੋਂ ਆਪਣੀ ਪਹਿਚਾਣ ਬਣਾਈ ਸੀ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਿੰਸੀਪਲ ਸੁਰਿੰਦਰ ਸਿੰਘ ਜੀ ਜੂਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ੨੨੫੦4 (T)

ਮਿਤੀ 17 - 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੦੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਉੱਘੇ ਸਿੱਖ ਲੇਖਕ ਡਾ. ਸਰੂਪ ਸਿੰਘ 'ਅਲੱਗ' ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਡਾ. ਸਰੂਪ ਸਿੰਘ 'ਅਲੱਗ' ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਨਿਰੰਤਰ ਕਾਰਜਸ਼ੀਲ ਵਿਦਵਾਨ ਲੇਖਕ ਸਨ। ਉਨ੍ਹਾਂ ਨੇ ਸਿੱਖ ਇਤਿਹਾਸ ਅਤੇ ਗੁਰਮਤਿ ਸਿਧਾਤਾਂ ਸੰਬੰਧੀ 100 ਤੋਂ ਜਿਆਦਾ ਕਿਤਾਬਾਂ ਲਿਖੀਆਂ। ਉਹ ਚੰਗੇ ਸੁਭਾਅ ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ-ਪ੍ਰਸਾਰ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਡਾ. ਸਰੂਪ ਸਿੰਘ 'ਅਲੱਗ' ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22505 (T)

ਮਿਤੀ 17- 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੪ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਗੁਰਵਿੰਦਰਪਾਲ ਸਿੰਘ ਜੀ ਰਈਆ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਗੁਰਵਿੰਦਰਪਾਲ ਸਿੰਘ ਜੀ ਰਈਆ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22506 (T)

ਮਿਤੀ 17- 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੫ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਗੁਰਦੀਪ ਸਿੰਘ ਜੀ ਜ਼ੀਰਾ ਸਾਬਕਾ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਗੁਰਦੀਪ ਸਿੰਘ ਜ਼ੀਰਾ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22507

ਮਿਤੀ 17- 11-2022

ਉਤਾਰਾ:

1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੬ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਅਵਤਾਰ ਸਿੰਘ ਜੀ ਹਿੱਤ ਪ੍ਰਧਾਨ, ਪ੍ਰਬੰਧਕ ਕਮੇਟੀ ਤਖ਼ਤ ਸ੍ਰੀ ਹਰਿਮੰਦਰ ਜੀ, ਪਟਨਾ ਸਾਹਿਬ (ਬਿਹਾਰ) ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਜਥੇਦਾਰ ਅਵਤਾਰ ਸਿੰਘ ਜੀ ਹਿੱਤ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22508

ਮਿਤੀ 17- 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੭ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਉੱਘੇ ਸਿੱਖ ਸ੍ਰ. ਦੀਦਾਰ ਸਿੰਘ ਜੀ ਬੈਂਸ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਅਮਰੀਕਾ ਵਿੱਚ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਦੀਦਾਰ ਸਿੰਘ ਜੀ ਬੈਂਸ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22509

ਮਿਤੀ 17 - 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੮ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਬੀਬੀ ਰਣਜੀਤ ਕੌਰ ਮਾਹਿਲਪੁਰੀ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਬੀਬੀ ਰਣਜੀਤ ਕੌਰ ਮਾਹਿਲਪੁਰੀ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

## ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 925/0 (T)

ਮਿਤੀ 17-11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਵਾਸੀ ਸਿੱਖ ਵਿਦਵਾਨ ਸ੍ਰ. ਪਾਲ ਸਿੰਘ ਜੀ ਪੁਰੇਵਾਲ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਨਾਨਕਸ਼ਾਹੀ ਕੈਲੰਡਰ ਤਿਆਰ ਕਰਨ ਲਈ ਮੁਢਲੇ ਤੌਰ ਤੇ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਪ੍ਰਵਾਸੀ ਸਿੱਖ ਵਿਦਵਾਨ ਸ੍ਰ. ਪਾਲ ਸਿੰਘ ਜੀ ਪੁਰੇਵਾਲ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 2295 // (T)

ਮਿਤੀ 17 - 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੦ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਰਿਪੁਦਮਨ ਸਿੰਘ ਜੀ ਮਲਿਕ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖ ਦਾ ਇਜ਼ਹਾਰ ਕਰਦਾ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸ਼ਖ਼ਸੀਅਤ ਦੇ ਮਾਲਕ ਸਨ। ਇਨ੍ਹਾਂ ਨੇ ਕਨੇਡਾ ਵਿੱਚ ਸਿੱਖੀ ਦੇ ਪ੍ਰਚਾਰ ਅਤੇ ਗੁਰਦੁਆਰਾ ਪ੍ਰਬੰਧ ਖੇਤਰ ਵਿਚ ਅਹਿਮ ਯੋਗਦਾਨ ਪਾਇਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸ੍ਰ. ਰਿਪੁਦਮਨ ਸਿੰਘ ਜੀ ਮਲਿਕ ਵੱਲੋਂ ਕੀਤੇ ਪੰਥਕ ਕਾਰਜਾਂ ਦੀ ਸ਼ਲਾਘਾ ਕਰਦਾ ਹੋਇਆ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦਾ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸੰਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************************

ਨੰਬਰ 22512(T)

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਮਿਤੀ 17 - 11-2022

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾਂ ਪਾਸ ਕਾਪੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੧ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਜਨਰਲ ਇਕੱਤਰਤਾ **(ਬਜਟ ਸਮਾਗਮ) 17 ਚੇਤ ਸੰਮਤ ਨਾਨਕਸ਼ਾਹੀ 554, ਮੁਤਾਬਿਕ 30 ਮਾਰਚ, 2022** ਦੀ ਕਾਰਵਾਈ ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਪ੍ਰਕਾਸ਼ਤ ਕੀਤੇ ਜਾਂਦੇ ਮਾਸਿਕ ਪੱਤਰ **ਗੁਰਦੁਆਰਾ ਗਜ਼ਟ** ਦੇ ਅੰਕ ਮਹੀਨਾ **ਅਪ੍ਰੈਲ 2022 ਤੋਂ ਸਤੰਬਰ 2022** ਵਿਚ ਛਾਪ ਕੇ ਸਮੂਹ ਮੈਂਬਰ ਸਾਹਿਬਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਭੇਜੀ ਜਾ ਚੁੱਕੀ ਹੈ, ਦੀ ਪੁਸ਼ਟੀ ਦਾ ਮਾਮਲਾ **ਪੇਸ਼ ਹੋਣ 'ਤੇ ਹਵਾਲੇ ਵਾਲੀ ਕਾਰਵਾਈ ਦੇ ਦਰੁੱਸਤ ਲਿਖਿਆਂ ਦੀ ਹਾਊਸ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਵੱਲੋਂ ਜੈਕਾਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਪ੍ਰਵਾਨਗੀ ਦਿੱਤੀ ਗਈ। ਉਪਰੰਤ ਕਾਰਵਾਈ ਕੰਨਫਰਮ ਕਰਦਿਆਂ ਪ੍ਰਧਾਨ ਸਾਹਿਬ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਤਸਦੀਕੀ ਦਸਤਖ਼ਤ ਕਰਵਾਏ ਗਏ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 92513 (T)

ਮਿਤੀ 17-11-2021

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ **ਜਨਰਲ** ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੨ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀ ਅੰਤ੍ਰਿੰਗ ਕਮੇਟੀ ਦੇ 11 ਮੈਂਬਰ ਰੱਖਣ ਦੀ ਤਜਵੀਜ਼ ਪੇਸ਼ ਹੋਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦਾ ਅੱਜ ਦਾ ਜਨਰਲ ਇਜਲਾਸ ਸਰਬਸੰਮਤੀ ਨਾਲ ਪ੍ਰਵਾਨ ਕਰਦਾ ਹੈ ਕਿ ਅੰਤ੍ਰਿੰਗ ਕਮੇਟੀ (ਸ਼੍ਰੋਮਣੀ ਗੁ:ਪ੍ਰ:ਕਮੇਟੀ) ਦੇ 11 ਮੈਂਬਰ ਹੋਣਗੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22514(T)

ਮਿਤੀ 17- 11-2021

ਉਤਾਰਾ:
1. ਸੰਪਾਦਕ ਜੀ (ਗੁਰਦੁਆਰਾ ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੩ ਦੀ ਨਕਲ:-**

ਸਿੱਖ ਕੌਮ ਦੇ ਇਤਿਹਾਸ ਦਾ ਵੱਡਾ ਹਿੱਸਾ ਸਾਕਿਆਂ ਅਤੇ ਮੋਰਚਿਆਂ ਨਾਲ ਸੰਬੰਧਿਤ ਹੈ। ਅਨੇਕ ਸਾਕੇ ਤੇ ਮੋਰਚੇ ਸਿੱਖਾਂ ਦੇ ਸੰਘਰਸ਼ੀ ਜੀਵਨ ਅਤੇ ਕੌਮ ਲਈ ਕੁਰਬਾਨੀ ਦੇਣ ਦੇ ਗਵਾਹ ਹਨ। ਇਸੇ ਲੜੀ ਤਹਿਤ ਗੁਰਧਾਮਾਂ ਦੀ ਸੇਵਾ ਸੰਭਾਲ ਨੂੰ ਪੰਥਕ ਹੱਥਾਂ ਵਿਚ ਲਿਆਉਣ ਲਈ ਸੰਨ 1922 ਵਿਚ ਗੁਰੂ ਕਾ ਬਾਗ ਮੋਰਚਾ ਅਤੇ ਸ੍ਰੀ ਪੰਜਾ ਸਾਹਿਬ ਦਾ ਸ਼ਹੀਦੀ ਸਾਕਾ ਸਿੱਖ ਇਤਿਹਾਸ ਦੇ ਅਤਿ ਅਹਿਮ ਪੰਨੇ ਹਨ। ਇਨ੍ਹਾਂ ਦੋਹਾਂ ਦਿਹਾੜਿਆਂ ਦੇ 100 ਸਾਲਾ (ਸ਼ਤਾਬਦੀ) ਸਮਾਗਮ ਸਿੱਖ ਕੌਮ ਵੱਲੋਂ ਸ਼ਰਧਾ ਤੇ ਸਤਿਕਾਰ ਸਹਿਤ ਮਨਾਏ ਗਏ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਗੁਰੂ ਕਾ ਬਾਗ ਮੋਰਚਾ ਅਤੇ ਸ਼ਹੀਦੀ ਸਾਕਾ ਸ੍ਰੀ ਪੰਜਾ ਸਾਹਿਬ ਦੇ ਸ਼ਤਾਬਦੀ ਸਮਾਗਮਾਂ ਵਿਚ ਸਹਿਯੋਗ ਕਰਨ ਵਾਲੀਆਂ ਸਿੱਖ ਜਥੇਬੰਦੀਆਂ, ਸਿੱਖ ਸੰਸਥਾਵਾਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਕਾਰਸੇਵਾ ਵਾਲੇ ਮਹਾਂਪੁਰਖਾਂ, ਪੰਥ ਦਾ ਅਹਿਮ ਅੰਗ ਨਿਰਮਲੇ ਤੇ ਉਦਾਸੀ ਸੰਪਰਦਾਵਾਂ ਅਤੇ ਸੰਗਤ ਦਾ ਧੰਨਵਾਦ ਕਰਦਿਆਂ ਸਿੱਖ ਕੌਮ ਨੂੰ ਅਪੀਲ ਕਰਦਾ ਹੈ ਕਿ ਸਿੱਖ ਇਤਿਹਾਸ ਦੇ ਇਨ੍ਹਾਂ ਪੰਨਿਆਂ ਤੋਂ ਸੇਧ ਲੈ ਕੇ ਕੌਮ ਦੀ ਚੜ੍ਹਦੀ ਕਲਾ ਲਈ ਯਤਨ ਕੀਤੇ ਜਾਣ।

ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਮੌਜੂਦਾ ਸਮੇਂ ਵੀ ਸਿੱਖ ਕੌਮ ਨੂੰ ਅੰਦਰੂਨੀ ਅਤੇ ਬਾਹਰੀ ਚੁਣੌਤੀਆਂ ਮਿਲ ਰਹੀਆਂ ਹਨ। ਇਨ੍ਹਾਂ ਚੁਣੌਤੀਆਂ ਵਿੱਚੋਂ ਉਭਰਨ ਲਈ ਕੌਮੀ ਇਕਜੁਟਤਾ ਬੇਹੱਦ ਜ਼ਰੂਰੀ ਹੈ। ਇਸ ਲਈ ਸਮੁੱਚੀ ਸਿੱਖ ਕੌਮ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਇਕੱਠੀ ਹੋਵੇ ਅਤੇ ਸਿੱਖ ਇਤਿਹਾਸ ਦੇ ਸਾਕਿਆਂ ਤੇ ਮੋਰਚਿਆਂ ਤੋਂ ਪ੍ਰੇਰਨਾ ਪ੍ਰਾਪਤ ਕਰਕੇ ਕੌਮੀ ਟੀਚਿਆਂ ਲਈ ਸੰਗਠਤ ਰੂਪ ਵਿਚ ਅੱਗੇ ਵਧੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 92515(T)

ਮਿਤੀ 17-11-2022

ਉਤਾਰਾ:
1. ਇੰਚਾਰਜ ਜੀ ਗੁਰਦੁਆਰਾ ਗਜ਼ਟ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ ਰੀਕਾਰਡ ਬ੍ਰਾਂਚ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

☬ E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੪ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਸਿੱਖ ਕੌਮ ਦੀਆਂ ਸੰਸਥਾਵਾਂ ਵਿਚ ਸਰਕਾਰੀ ਦਖ਼ਲ ਦੀ ਕਰੜੀ ਨਿਖੇਧੀ ਕਰਦਾ ਹੈ। ਗੁਰਦੁਆਰਾ ਸਾਹਿਬਾਨ ਸਿੱਖਾਂ ਲਈ ਆਪਣੀ ਜਾਨ ਤੋਂ ਵੀ ਵੱਧ ਪਿਆਰੇ ਹਨ, ਜਿਨ੍ਹਾਂ ਦੀ ਸੇਵਾ ਸੰਭਾਲ ਪੰਥਕ ਹੱਥਾਂ ਵਿਚ ਲਿਆਉਣ ਲਈ ਸਿੱਖ ਕੌਮ ਨੇ ਵੱਡੀਆਂ ਕੁਰਬਾਨੀਆਂ ਕੀਤੀਆਂ। ਪਰੰਤੂ ਸਮੇਂ-ਸਮੇਂ ਸਰਕਾਰਾਂ ਵੱਲੋਂ ਸਿੱਖ ਸੰਸਥਾਵਾਂ ਵਿਚ ਦਖ਼ਲਅੰਦਾਜ਼ੀ ਦੀ ਕੋਸ਼ਿਸ਼ ਕੀਤੀ ਜਾਂਦੀ ਰਹੀ, ਜਿਸ ਦਾ ਸਿੱਖ ਕੌਮ ਨੇ ਹਮੇਸ਼ਾ ਹੀ ਵਿਰੋਧ ਕੀਤਾ ਹੈ। ਸ਼੍ਰੋਮਣੀ ਗੁ:ਪ੍ਰ: ਕਮੇਟੀ ਦੀ ਸਥਾਪਨਾ ਸਮੇਂ ਵੀ ਅੰਗਰੇਜ਼ ਸਰਕਾਰ ਨੇ ਆਪਣੀ ਮਰਜ਼ੀ ਦੀ ਕਮੇਟੀ ਸਥਾਪਤ ਕਰਕੇ ਅਸਿੱਧੇ ਢੰਗ ਨਾਲ ਪ੍ਰਬੰਧ ਆਪਣੇ ਹੱਥਾਂ ਵਿਚ ਰੱਖਣ ਦਾ ਯਤਨ ਕੀਤਾ ਸੀ, ਪਰ ਕੌਮ ਦੇ ਵਿਰੋਧ ਮਗਰੋਂ ਸਰਕਾਰ ਨੂੰ ਪਿੱਛੇ ਹਟਣਾ ਪਿਆ। ਮੌਜੂਦਾ ਸਮੇਂ ਦੀਆਂ ਸਰਕਾਰਾਂ ਵੀ ਸਿੱਖ ਸੰਸਥਾਵਾਂ ਵਿਚ ਬੇਲੋੜੀ ਦਖ਼ਲਅੰਦਾਜ਼ੀ ਕਰ ਰਹੀਆਂ ਹਨ। ਸਰਕਾਰਾਂ ਵੱਲੋਂ ਦੁਨਿਆਵੀ ਅਦਾਲਤਾਂ ਰਾਹੀਂ ਵੀ ਸਿੱਖ ਸੰਸਥਾਵਾਂ ਨੂੰ ਤੋੜਨ ਦੇ ਯਤਨ ਕੀਤੇ ਜਾ ਰਹੇ ਹਨ, ਜਿਸ ਦੀ ਤਾਜ਼ਾ ਉਦਾਹਰਣ ਵੱਖਰੀ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਥਾਪਤ ਕਰਨ ਦੀਆਂ ਚਾਲਾਂ ਹਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਲਈ ਵੱਖਰੀ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸੰਕਲਪ ਭਾਵੇਂ ਸਿੱਖ ਵਿਰੋਧੀ ਕਾਂਗਰਸ ਜਮਾਤ ਦਾ ਸੀ, ਪਰੰਤੂ ਇਸ ਵਿਚ ਭਾਰਤੀ ਜਨਤਾ ਪਾਰਟੀ ਦੀ ਕੇਂਦਰ ਅਤੇ ਹਰਿਆਣਾ ਸਰਕਾਰ ਦੇ ਨਾਲ-ਨਾਲ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਦੀ ਤਤਕਾਲੀ ਕਾਂਗਰਸ ਸਰਕਾਰ ਅਤੇ ਮੌਜੂਦਾ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੇ ਵੀ ਹਿੱਸੇਦਾਰੀ ਪਾਉਣ ਵਿਚ ਕੋਈ ਕਸਰ ਨਹੀਂ ਛੱਡੀ।

ਅੱਜ ਦਾ ਇਹ ਜਨਰਲ ਇਜਲਾਸ ਸਪੱਸ਼ਟ ਕਰਦਾ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਵਾਲੀ ਕਿਸੇ ਵੀ ਕਾਰਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਹਰਿਆਣਾ ਰਾਜ ਦੇ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਸਿੱਖ ਗੁਰਦੁਆਰਾ ਐਕਟ 1925 ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਹੈ ਅਤੇ ਰਹੇਗਾ। ਜਿਹੜੀ ਵੀ ਸ਼ਕਤੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਤੋੜਨ ਲਈ ਅੱਗੇ ਵਧੇਗੀ, ਉਸ ਦਾ ਪੰਥ ਵੱਲੋਂ ਮੂੰਹ ਤੋੜ ਜਵਾਬ ਦਿੱਤਾ ਜਾਵੇਗਾ।

ਭਾਰਤ ਸਰਕਾਰ ਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਵੱਖਰੀ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਗੈਰ-ਸੰਵਿਧਾਨਕ ਹੈ, ਜੋ ਕਦਾਚਿਤ ਪ੍ਰਵਾਨ ਨਹੀਂ ਕੀਤੀ ਜਾ ਸਕਦੀ। ਅੱਜ ਦਾ ਇਜਲਾਸ ਭਾਰਤ ਸਰਕਾਰ ਨੂੰ ਅਪੀਲ ਕਰਦਾ ਹੈ ਕਿ ਇਸ ਸੰਜੀਦਾ ਮਸਲੇ 'ਤੇ ਰਾਜਨੀਤੀ ਛੱਡ ਕੇ ਸਿੱਖ ਭਾਵਨਾਵਾਂ ਦੀ ਤਰਜ਼ਮਾਨੀ ਕਰਦਿਆਂ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਐਕਟ 2014 ਨੂੰ ਰੱਦ ਕਰਨ ਦਾ ਸੰਸਦ ਵਿਚ ਬਿੱਲ ਲਿਆਵੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22516 (7)

ਮਿਤੀ 17 - 11-2022

ਉਤਾਰਾ:
1. ਸਤਿਕਾਰਯੋਗ ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਤਿਕਾਰਯਗ ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਮਾਨਯੋਗ ਸ੍ਰੀ ਮਨੋਹਰ ਲਾਲ ਜੀ ਖੱਟਰ, ਮੁੱਖ ਮੰਤਰੀ, ਹਰਿਆਣਾ।
4. ਸ੍ਰ. ਭਗਵੰਤ ਸਿੰਘ ਜੀ ਮਾਨ, ਮੁੱਖ ਮੰਤਰੀ, ਪੰਜਾਬ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੫ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਇਹ ਜਨਰਲ ਇਜਲਾਸ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਦੀਆਂ ਕਾਲਕੋਠੜੀਆਂ ਵਿਚ ਬੰਦ ਸਿੰਘਾਂ ਦੀ ਰਿਹਾਈ ਦੇ ਮਾਮਲੇ ਵਿਚ ਸਰਕਾਰਾਂ ਵੱਲੋਂ ਅਪਣਾਈ ਜਾ ਰਹੀ ਵਿਤਕਰੇ ਭਰੀ ਨੀਤੀ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਾ ਹੈ।

ਅੱਜ ਦਾ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਸਿੱਖਾਂ ਨਾਲ ਵੱਡਾ ਅਨਿਆਂ ਹੈ ਅਤੇ ਇਹ ਸੰਵਿਧਾਨਕ ਹੱਕਾਂ ਦੀ ਉਲੰਘਣਾ ਹੈ। ਕਿਉਂਕਿ ਬੰਦੀ ਸਿੰਘ ਬੀਤੇ ਤਿੰਨ ਦਹਾਕਿਆਂ ਤੋਂ ਜੇਲ੍ਹਾਂ ਅੰਦਰ ਬੰਦ ਹਨ ਅਤੇ ਜੇਕਰ ਉਮਰ ਕੈਦ ਦੀ ਗੱਲ ਕਰੀਏ ਤਾਂ ਇਹ ਵੀ ਕਰੀਬ 14-15 ਸਾਲ ਬਣਦੀ ਹੈ। ਇਸ ਤਰ੍ਹਾਂ ਇਹ ਬੰਦੀ ਸਿੰਘ ਉਮਰ ਕੈਦ ਦੀ ਸਜ਼ਾ ਤੋਂ ਦੁਗਣਾ ਸਮਾਂ ਜੇਲ੍ਹਾਂ ਵਿਚ ਕੱਟ ਚੁੱਕੇ ਹਨ। ਸਰਕਾਰਾਂ ਨੂੰ ਇਹ ਧਿਆਨ ਵਿਚ ਰੱਖਣਾ ਚਾਹੀਦਾ ਹੈ ਕਿ ਇਨ੍ਹਾਂ ਦਾ ਦੋਸ਼ ਕੇਵਲ ਏਨਾ ਸੀ ਕਿ ਇਨ੍ਹਾਂ ਨੇ ਜੂਨ 1984 ਵਿਚ ਭਾਰਤ ਦੀ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ’ਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਕਈ ਗੁਰਦੁਆਰਾ ਸਾਹਿਬਾਨ ’ਤੇ ਕੀਤੇ ਗਏ ਫ਼ੌਜੀ ਹਮਲੇ ਦੇ ਰੋਸ ਵਜੋਂ ਸੰਘਰਸ਼ ਦਾ ਰਾਹ ਚੁਣਿਆ ਸੀ। ਇਨ੍ਹਾਂ ਦੀ ਭਾਵਨਾਂ ਦੇਸ਼ ਦੇ ਵਿਰੋਧ ਵਿਚ ਨਹੀਂ ਸੀ, ਬਲਕਿ ਇਨ੍ਹਾਂ ਨੇ ਧਾਰਮਿਕ ਸੰਵੇਦਨਾ ਨੂੰ ਸੱਟ ਵੱਜਣ ਕਾਰਨ ਕਦਮ ਚੁੱਕੇ ਸਨ। ਜੇਲ੍ਹਾਂ ਅੰਦਰ ਲੰਮਾਂ ਸਮਾਂ ਬਿਤਾਉਣ ਦੌਰਾਨ ਵੀ ਇਨ੍ਹਾਂ ਦਾ ਕਿਰਦਾਰ ਚੰਗਾ ਰਿਹਾ ਹੈ।

ਸਿੱਖ ਕੌਮ ਨੂੰ ਇਹ ਵੀ ਦੁੱਖ ਹੈ ਕਿ ਇਕ ਪਾਸੇ ਰਾਜੀਵ ਗਾਂਧੀ ਦੇ ਹਤਿਆਰੇ, ਬਿਲਕਿਸ ਬਾਨੋ ਜਬਰ ਜਨਾਹ ਕੇਸ ਦੇ ਦੋਸ਼ੀਆਂ ਦੇ ਨਾਲ ਨਾਲ ਕਾਤਲ ਤੇ ਬਲਾਤਕਾਰੀ ਗੁਰਮੀਤ ਰਾਮ ਰਹੀਮ ਉੱਪਰ ਸਰਕਾਰਾਂ ਵਿਸ਼ੇਸ਼ ਦਿਆਲਤਾ ਵਿਖਾ ਰਹੀਆਂ ਹਨ, ਜਦਕਿ ਦੂਸਰੇ ਪਾਸੇ ਉੱਚੇ ਸਮਾਜਿਕ ਕਿਰਦਾਰ ਵਾਲੇ ਬੰਦੀ ਸਿੰਘਾਂ ਨੂੰ ਜਾਣਬੁਝ ਕੇ ਰਿਹਾਅ ਨਹੀਂ ਕੀਤਾ ਜਾ ਰਿਹਾ। ਇਸ ਵਿਤਕਰੇ ਨਾਲ ਸਿੱਖਾਂ ਅੰਦਰ ਸਰਕਾਰਾਂ ਪ੍ਰਤੀ ਬੇਵਿਸ਼ਵਾਸੀ ਪੈਦਾ ਹੋ ਰਹੀ ਹੈ।

ਜਨਰਲ ਇਜਲਾਸ ਭਾਰਤ ਸਰਕਾਰ ਅਤੇ ਸੰਬੰਧਿਤ ਸੂਬਾ ਸਰਕਾਰਾਂ ਨੂੰ ਅਪੀਲ ਕਰਦਾ ਹੈ ਕਿ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਵੇ। ਜਨਰਲ ਇਜਲਾਸ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਰੰਤਰ ਯਤਨਸ਼ੀਲ ਰਹਿਣ ਦੀ ਵਚਨਬੱਧਤਾ ਵੀ ਪ੍ਰਗਟਾਉਂਦਾ ਹੈ ਅਤੇ ਇਸ ਸੰਬੰਧੀ ਉਚੇਚੀ ਲਹਿਰ ਤਹਿਤ ਮਿਤੀ 1 ਦਸੰਬਰ, 2022 ਤੋਂ ਸੰਗਤ ਪਾਸੋਂ ਪ੍ਰੋਫਾਰਮੇ ਭਰਵਾਉਣ ਦਾ ਕਾਰਜ ਸ਼ੁਰੂ ਕੀਤਾ ਜਾਵੇਗਾ ਅਤੇ ਇਸ ਮਗਰੋਂ ਇਹ ਭਰੇ ਹੋਏ ਪ੍ਰੋਫਾਰਮੇ ਗਵਰਨਰ ਪੰਜਾਬ ਨੂੰ ਭੇਜੇ ਜਾਣਗੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 92517

ਮਿਤੀ 17 - 11-2022

ਉਤਾਰਾ:
1. ਸਤਿਕਾਰਯੋਗ ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਤਿਕਾਰਯੋਗ ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਮਾਨਯੋਗ ਸ੍ਰੀ ਅਰਵਿੰਦ ਕੇਜਰੀਵਾਲ ਜੀ, ਮੁੱਖ ਮੰਤਰੀ, ਦਿੱਲੀ।
4. ਮਾਨਯੋਗ ਸ੍ਰੀ ਮਨੋਹਰ ਲਾਲ ਜੀ ਖੱਟਰ, ਮੁੱਖ ਮੰਤਰੀ, ਹਰਿਆਣਾ।
5. ਸ੍ਰ. ਭਗਵੰਤ ਸਿੰਘ ਜੀ ਮਾਨ, ਮੁੱਖ ਮੰਤਰੀ, ਪੰਜਾਬ।
6. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਆਰ. ਐਸ. ਐਸ. ਦੀ ਸ਼ਹਿ 'ਤੇ ਬਹੁਗਿਣਤੀਆਂ ਨੂੰ ਉਭਾਰਨ ਦੇ ਏਜੰਡੇ ਤਹਿਤ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਸਮੁੱਚੇ ਦੇਸ਼ ਅੰਦਰ ਯੂਨੀਫਾਰਮ ਸਿਵਲ ਕੋਡ ਲਾਗੂ ਕਰਨ ਦੀ ਯੋਜਨਾ ਦੀ ਕਰੜੇ ਸ਼ਬਦਾਂ ਵਿਚ ਨਿੰਦਾ ਕਰਦਾ ਹੈ।

ਭਾਰਤ ਇਕ ਬਹੁ-ਭਾਸ਼ਾਈ, ਬਹੁ-ਧਰਮੀ ਦੇਸ਼ ਹੈ, ਜਿਸ ਅੰਦਰ ਵੱਖ-ਵੱਖ ਧਰਮਾਂ, ਫਿਰਕਿਆਂ ਦੇ ਲੋਕ ਵੱਸਦੇ ਹਨ। ਦੇਸ਼ ਦੀ ਅਜ਼ਾਦੀ ਦੇ ਸੰਘਰਸ਼ ਅਤੇ ਦੇਸ਼ ਦੇ ਸੱਭਿਆਚਾਰ ਨੂੰ ਬਚਾਉਣ ਲਈ ਹਰ ਧਰਮ ਦੇ ਲੋਕਾਂ ਨੇ ਵੱਡਾ ਯੋਗਦਾਨ ਪਾਇਆ। ਇਥੇ ਵੱਸਦੀਆਂ ਘਟਗਿਣਤੀ ਕੌਮਾਂ ਖ਼ਾਸਕਰ ਸਿੱਖਾਂ ਨੇ ਦੇਸ਼ ਦੀ ਅਜ਼ਾਦੀ ਅਤੇ ਸੱਭਿਆਚਾਰ ਲਈ ਵੱਡੀਆਂ ਕੁਰਬਾਨੀਆਂ ਦਿੱਤੀਆਂ। ਪਰੰਤੂ ਦੁੱਖ ਦੀ ਗੱਲ ਹੈ ਕਿ ਇਥੇ ਵੱਸਦੇ ਘੱਟਗਿਣਤੀ ਲੋਕਾਂ ਨੂੰ ਦਬਾਉਣ ਅਤੇ ਉਨ੍ਹਾਂ ਦੇ ਧਾਰਮਿਕ, ਸਮਾਜਿਕ ਹੱਕਾਂ-ਹਿੱਤਾਂ ਤੇ ਸਰੋਕਾਰਾਂ ਵਿਚ ਦਖ਼ਲ ਦੇ ਕੇ ਇਨ੍ਹਾਂ ਦੇ ਸੱਭਿਆਚਾਰ ਨੂੰ ਰਲਗੱਡ ਕਰਨ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਮੌਜੂਦਾ ਸਮੇਂ ਕੇਂਦਰ ਸਰਕਾਰ ਵੱਲੋਂ ਦੇਸ਼ ਅੰਦਰ ਯੂਨੀਫਾਰਮ ਸਿਵਲ ਕੋਡ ਦਾ ਮਨੋਰਥ ਵੀ ਇਹੀ ਹੈ। ਇਸ ਦੇ ਲਾਗੂ ਹੋਣ ਨਾਲ ਦੇਸ਼ ਦੀ ਭਾਸ਼ਾਈ ਅਤੇ ਧਾਰਮਿਕ ਵੰਨ-ਸੁਵੰਨਤਾ ਖੰਡਤ ਹੋਵੇਗੀ।

ਅੱਜ ਦਾ ਇਹ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਕੇਂਦਰ ਸਰਕਾਰ ਦੀ ਇਹ ਯੋਜਨਾ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਦੀ ਦਿਸ਼ਾ ਵੱਲ ਪੁੱਟਿਆ ਗਿਆ ਕਦਮ ਹੀ ਹੈ। ਜਨਰਲ ਇਜਲਾਸ ਕੇਂਦਰ ਸਰਕਾਰ ਨੂੰ ਸਪੱਸ਼ਟ ਕਰਦਾ ਹੈ ਕਿ ਇਹ ਦੇਸ਼ ਦੇ ਹਿੱਤ ਵਿਚ ਨਹੀਂ ਹੈ, ਜਿਸ ਲਈ ਇਸ ਨੂੰ ਪ੍ਰਵਾਨ ਨਹੀਂ ਕੀਤਾ ਜਾਵੇਗਾ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 99518 (T)

ਮਿਤੀ 17- 11-2022

ਉਤਾਰਾ:
1. ਸਤਿਕਾਰਯੋਗ ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਤਿਕਾਰਯੋਗ ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਸ੍ਰੀ ਕਿਰਨ ਰਿਜਿਜੂ ਜੀ, ਕਾਨੂੰਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੭ ਦੀ ਨਕਲ:-**

ਜੂਨ ਅਤੇ ਨਵੰਬਰ 1984 ਦਾ ਸਿੱਖ ਕਤਲੇਆਮ ਕੌਮ ਲਈ ਨਾ ਭੁੱਲਣਯੋਗ ਹੈ। ਜੂਨ 1984 'ਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਸਮੇਤ ਕਈ ਗੁਰਧਾਮਾਂ 'ਤੇ ਕੀਤਾ ਗਿਆ ਸਰਕਾਰੀ ਹਮਲਾ ਅਤੇ ਨਵੰਬਰ 1984 ਦਾ ਵੱਖ-ਵੱਖ ਸ਼ਹਿਰਾਂ ਵਿਚ ਸਿੱਖ ਕਤਲੇਆਮ ਸਿੱਖ ਕੌਮ ਦਾ ਉਹ ਨਾਸੂਰ ਹੈ, ਜੋ ਹਰ ਸਾਲ ਰਿਸਦਾ ਹੈ। ਇਨ੍ਹਾਂ ਦੋਹਾਂ ਘਟਨਾਵਾਂ ਦੌਰਾਨ ਜਿਥੇ ਸਿੱਖਾਂ ਦਾ ਵੱਡਾ ਜਾਨੀ ਨੁਕਸਾਨ ਕੀਤਾ ਗਿਆ, ਉਥੇ ਹੀ ਉਨ੍ਹਾਂ ਦੀਆਂ ਜਾਇਦਾਦਾਂ ਤੇ ਕਾਰੋਬਾਰ ਤਬਾਹ ਕਰ ਦਿੱਤੇ ਗਏ।

ਨਵੰਬਰ 1984 ਦੇ ਸਿੱਖ ਕਤਲੇਆਮ ਵਿਚ ਕਾਂਗਰਸ ਦੇ ਆਗੂ ਸੱਜਣ ਕੁਮਾਰ, ਜਗਦੀਸ਼ ਟਾਈਟਲਰ, ਕਮਲ ਨਾਥ ਆਦਿ ਲੋਕਾਂ ਦੀ ਸ਼ਮੂਲੀਅਤ ਜੱਗ-ਜਾਹਿਰ ਹੈ, ਜਿਨ੍ਹਾਂ ਵਿੱਚੋਂ ਸੱਜਣ ਕੁਮਾਰ ਮਾਨਯੋਗ ਅਦਾਲਤ ਵੱਲੋਂ ਦੋਸ਼ੀ ਠਹਿਰਾਏ ਜਾਣ ਮਗਰੋਂ ਜੇਲ੍ਹ ਵਿਚ ਬੰਦ ਹੈ। ਪਰ ਦੁੱਖ ਦੀ ਗੱਲ ਹੈ ਕਿ ਬਾਕੀ ਦੋਸ਼ੀ ਅਜੇ ਤੀਕ ਸ਼ਰ੍ਹੇਆਮ ਅਜ਼ਾਦ ਘੁੰਮ ਰਹੇ ਹਨ ਅਤੇ ਕਾਂਗਰਸ ਜਮਾਤ ਉਨ੍ਹਾਂ ਨੂੰ ਉੱਚ ਅਹੁਦੇ ਦੇ ਕੇ ਨਿਵਾਜ ਰਹੀ ਹੈ। ਇਹ ਵੀ ਦੁਖਦ ਪਹਿਲੂ ਹੈ ਕਿ ਵੱਖ-ਵੱਖ ਸਰਕਾਰਾਂ ਵੱਲੋਂ ਸਿੱਖ ਕਤਲੇਆਮ ਦੀ ਜਾਂਚ ਲਈ ਕਈ ਕਮਿਸ਼ਨ, ਕਮੇਟੀਆਂ ਅਤੇ ਜਾਂਚ ਟੀਮਾਂ ਸਥਾਪਿਤ ਕਰਨ ਦੇ ਬਾਵਜੂਦ ਵੀ 38 ਸਾਲਾਂ ਤੋਂ ਸਿੱਖਾਂ ਨੂੰ ਇਨਸਾਫ਼ ਨਹੀਂ ਮਿਲਿਆ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਸਿੱਖ ਕਤਲੇਆਮ ਦੇ ਹਰ ਦੋਸ਼ੀ ਨੂੰ ਸਖ਼ਤ ਸਜ਼ਾਵਾਂ ਦੀ ਮੰਗ ਕਰਦਿਆਂ ਭਾਰਤ ਸਰਕਾਰ ਨੂੰ ਜੂਨ ਤੇ ਨਵੰਬਰ 1984 ਦੇ ਸਿੱਖ ਵਿਰੋਧੀ ਘਟਨਾਕ੍ਰਮ ਦੀ ਸੰਸਦ ਅੰਦਰ ਜਨਤਕ ਮੁਆਫ਼ੀ ਦਾ ਮਤਾ ਲਿਆਉਣ ਲਈ ਆਖਦਾ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**********************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22519

ਮਿਤੀ 17-11-2022

ਉਤਾਰਾ:
1. ਸਤਿਕਾਰਯੋਗ ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਤਿਕਾਰਯੋਗ ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੮ ਦੀ ਨਕਲ:-

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਣ ਲਈ ਸੰਗਤ ਦੇ ਮਨ ਵਿਚ ਵੱਡੀ ਖਿੱਚ ਰਹਿੰਦੀ ਹੈ, ਪਰੰਤੂ ਵੀਜ਼ੇ ਅਤੇ ਆਉਣ-ਜਾਣ ਦੇ ਸਾਧਨਾਂ ਦੀਆਂ ਸਮੱਸਿਆਵਾਂ ਕਾਰਨ ਸ਼ਰਧਾਲੂਆਂ ਦੀ ਆਸਥਾ ਨੂੰ ਸੱਟ ਵੱਜ ਰਹੀ ਹੈ। ਸਮੇਂ ਦੀ ਲੋੜ ਹੈ ਕਿ ਸ਼ਰਧਾਲੂਆਂ ਲਈ ਖੁੱਲ੍ਹੇ ਬਦਲ ਤਿਆਰ ਕੀਤੇ ਜਾਣ।

ਅੱਜ ਦਾ ਇਹ ਜਨਰਲ ਇਜਲਾਸ ਭਾਰਤ ਅਤੇ ਪਾਕਿਸਤਾਨ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਨੂੰ ਇਸ ਸਬੰਧ ਵਿਚ ਉਚੇਚੀ ਦਿਲਚਸਪੀ ਦਿਖਾਉਣ ਦੀ ਅਪੀਲ ਕਰਦਾ ਹੈ। ਇਸ ਸੰਬੰਧ ਵਿਚ ਜਿਥੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਦੇ ਜਥਿਆਂ ਲਈ ਰੇਲ ਸੇਵਾ ਯਕੀਨੀ ਬਣਾਈ ਜਾਵੇ, ਉਥੇ ਹੀ ਰੋਜ਼ਾਨਾ ਬੱਸ ਸੇਵਾ ਦਾ ਪ੍ਰਬੰਧ ਵੀ ਜ਼ਰੂਰੀ ਹੈ।

ਅੱਜ ਦਾ ਇਹ ਇਜਲਾਸ ਮੰਗ ਕਰਦਾ ਹੈ ਕਿ ਸ੍ਰੀ ਅੰਮ੍ਰਿਤਸਰ ਤੋਂ ਸ੍ਰੀ ਨਨਕਾਣਾ ਸਾਹਿਬ ਲਈ ਚਲਦੀ ਰਹੀ ਬੱਸ ਸੇਵਾ ਅਤੇ ਦੋਹਾਂ ਦੇਸ਼ਾਂ ਵਿਚਕਾਰ ਚਲਦੀ ਰੇਲ ਸੇਵਾ ਤੁਰੰਤ ਸ਼ੁਰੂ ਕੀਤੀ ਜਾਵੇ। ਸ਼ਰਧਾਲੂਆਂ ਨੂੰ ਉਤਸ਼ਾਹਤ ਕਰਨ ਵਾਸਤੇ ਦਿੱਲੀ ਦੇ ਨਾਲ-ਨਾਲ ਸ੍ਰੀ ਅੰਮ੍ਰਿਤਸਰ ਵਿਖੇ ਵੀਜ਼ਾ ਕੇਂਦਰ ਖੋਲ੍ਹਿਆ ਜਾਵੇ। ਅਟਾਰੀ-ਵਾਹਗਾ ਸਰਹੱਦ ਰਾਹੀਂ ਜਾਣ ਵਾਲੀ ਸੰਗਤ ਨੂੰ ਸਰਹੱਦ 'ਤੇ ਮੌਕੇ ਪੁਰ ਵੀਜ਼ਾ ਦੇਣ ਦਾ ਪ੍ਰਬੰਧ ਕੀਤਾ ਜਾਵੇ। ਲੰਮੀ ਮਿਆਦ ਵਾਲੇ ਅਤੇ ਪਰਿਵਾਰਾਂ ਲਈ ਵੀਜ਼ੇ ਜਾਰੀ ਕਰਨ ਦਾ ਵੀ ਸਰਕਾਰਾਂ ਵਿਸ਼ੇਸ਼ ਉਪਰਾਲਾ ਕਰਨ।

ਇਸ ਦੇ ਨਾਲ ਹੀ ਪਾਕਿਸਤਾਨ ਵਿਚਲੇ ਗੁਰਧਾਮਾਂ ਦੇ ਦਰਸ਼ਨਾਂ ਲਈ ਹਰ ਸਾਲ ਜਾਂਦੇ ਚਾਰ ਜਥਿਆਂ ਦੀ ਤਰਜ਼ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੋਤੀ ਜੋਤ ਦਿਵਸ, ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਸ਼ਹੀਦੀ ਸਾਕਾ ਸ੍ਰੀ ਨਨਕਾਣਾ ਸਾਹਿਬ ਦੇ ਦਿਹਾੜਿਆਂ ਮੌਕੇ ਸ਼ਰਧਾਲੂਆਂ ਦੇ ਤਿੰਨ ਹੋਰ ਜਥੇ ਭੇਜਣ ਨੂੰ ਵੀ ਪ੍ਰਵਾਨਗੀ ਦਿੱਤੀ ਜਾਵੇ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

*************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22520

ਮਿਤੀ 17 - 11-2021

ਉਤਾਰਾ:
1. ਸਤਿਕਾਰਯੋਗ ਸ੍ਰੀ ਨਰਿੰਦਰ ਮੋਦੀ ਜੀ, ਪ੍ਰਧਾਨ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
2. ਸਤਿਕਾਰਯੋਗ ਸ੍ਰੀ ਅਮਿਤ ਸ਼ਾਹ ਜੀ, ਗ੍ਰਹਿ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
3. ਸਤਿਕਾਰਯੋਗ ਐਸ.ਜੈ. ਸੰਕਰ ਜੀ,ਵਿਦੇਸ਼ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।
4. ਜਨਾਬ ਅਫਤਾਬ ਹਸਨ ਖਾਨ ਜੀ, ਪਾਕਿਸਤਾਨ ਹਾਈ ਕਮਿਸ਼ਨਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੧੯ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਮਹਿਸੂਸ ਕਰਦਾ ਹੈ ਕਿ ਪਾਕਿਸਤਾਨ ਸਥਿਤ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰ ਕਰਨ ਲਈ ਲਾਂਘੇ ਰਾਹੀਂ ਜਾਣ ਵਾਲੀ ਸੰਗਤ ਨੂੰ ਪਾਸਪੋਰਟ ਦੀ ਸ਼ਰਤ ਕਾਰਨ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਲਾਂਘੇ ਦੇ ਖੁੱਲ੍ਹਣ ਨਾਲ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਲਈ ਸ਼ਰਧਾਲੂਆਂ ਅੰਦਰ ਖੁਸ਼ੀ ਦੀ ਲਹਿਰ ਤਾਂ ਹੈ, ਪਰੰਤੂ ਪਾਸਪੋਰਟ ਦੀ ਸ਼ਰਤ ਅਤੇ ਇੰਦਰਾਜ਼ ਫਾਰਮ ਦੀਆਂ ਪੇਚੀਦਗੀਆਂ ਕਾਰਨ ਵੱਡੀ ਗਿਣਤੀ ਵਿਚ ਸੰਗਤ ਗੁਰ-ਅਸਥਾਨ ਦੇ ਦਰਸ਼ਨਾਂ ਤੋਂ ਵਾਂਝੀ ਰਹਿ ਰਹੀ ਹੈ।

ਜਨਰਲ ਇਜਲਾਸ ਭਾਰਤ ਅਤੇ ਪਾਕਿਸਤਾਨ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਤੋਂ ਮੰਗ ਕਰਦਾ ਹੈ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਨੂੰ ਜਾਣ ਵਾਲੇ ਸ਼ਰਧਾਲੂਆਂ ਲਈ ਪ੍ਰਕਿਰਿਆ ਸੌਖੀ ਕਰਦਿਆਂ ਪਾਸਪੋਰਟ ਦੀ ਸ਼ਰਤ ਖਤਮ ਕੀਤੀ ਜਾਵੇ ਅਤੇ ਇਸ ਦੇ ਨਾਲ ਹੀ ਪਹਿਲਾਂ ਆਨਲਾਈਨ ਇੰਦਰਾਜ਼ ਫਾਰਮ ਦੀ ਥਾਂ ਆਧਾਰ ਕਾਰਡ ਰਾਹੀਂ ਮੌਕੇ 'ਤੇ ਹੀ ਦਰਸ਼ਨਾਂ ਲਈ ਜਾਣ ਦੀ ਇਜਾਜ਼ਤ ਦਿੱਤੀ ਜਾਵੇ।

---

**ਦਫਤਰ:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22521

ਮਿਤੀ 17 - 11-2022

ਉਤਾਰਾ: 1. ਸਤਿਕਾਰਯੋਗ ਡਾ. ਸੁਬਰਾਮਨੀਅਮ ਜੈਸ਼ੰਕਰ ਜੀ, ਵਿਦੇਸ਼ ਮੰਤਰੀ, ਭਾਰਤ ਸਰਕਾਰ, ਨਵੀਂ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੨੦ ਦੀ ਨਕਲ:-**

ਪੰਜਾਬ ਗੁਰੂ ਸਾਹਿਬਾਨ ਦੀ ਧਰਤੀ ਹੈ। ਇਥੇ ਉਪਜੇ ਗੁਰਮਤਿ ਦੇ ਫ਼ਲਸਫ਼ੇ ਨੇ ਲੋਕਾਈ ਨੂੰ ਸੁਚੱਜਾ ਜੀਵਨ ਜਿਊਣ ਦੀ ਅਗਵਾਈ ਦਿੱਤੀ ਹੈ। ਪਰ ਤਰਾਸਦੀ ਇਹ ਹੈ ਕਿ ਗੁਰੂਆਂ ਦੇ ਨਾਂ 'ਤੇ ਵੱਸਦੇ ਪੰਜਾਬ ਅੰਦਰ ਅੱਜ ਨਸ਼ਿਆਂ ਦਾ ਵੱਡੇ ਪੱਧਰ 'ਤੇ ਬੋਲ-ਬਾਲਾ ਹੈ। ਇਥੋਂ ਤਕ ਕਿ ਪੰਜਾਬ ਦੀ ਸਰਕਾਰ ਵੀ ਨਸ਼ਿਆਂ ਦੇ ਮਾਲੀਏ 'ਤੇ ਹੀ ਟੇਕ ਰੱਖ ਰਹੀ ਹੈ। ਪੰਜਾਬ ਅੰਦਰ ਨਸ਼ਿਆਂ 'ਤੇ ਚਿੰਤਾ ਪ੍ਰਗਟ ਕਰਦਿਆਂ ਬੀਤੇ ਦਿਨੀਂ ਬੰਦੀ ਛੋੜ ਦਿਵਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਕੌਮ ਦੇ ਨਾਂ ਆਪਣੇ ਸੰਦੇਸ਼ ਵਿਚ ਨਸ਼ਿਆਂ ਦੀ ਵਰਤੋਂ ਅਤੇ ਵਪਾਰ ਦੇ ਸੰਗਠਿਤ ਢਾਂਚੇ ਨੂੰ ਢਾਹੁਣ ਵਿਚ ਸਰਕਾਰਾਂ ਦੀ ਅਸਫਲਤਾ 'ਤੇ ਸਵਾਲ ਚੁੱਕਦਿਆਂ ਇਸ ਦੇ ਖਾਤਮੇ ਲਈ ਪਿੰਡ-ਪਿੰਡ ਕਮੇਟੀਆਂ ਤੇ ਜਥੇ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਦੇ ਅੰਕੜਿਆਂ ਅਨੁਸਾਰ ਬੀਤੇ ਵਿੱਤੀ ਵਰ੍ਹੇ ਵਿਚ ਸਰਕਾਰ ਨੇ ਸ਼ਰਾਬ ਤੋਂ 5578 ਕਰੋੜ ਰੁਪਏ ਦਾ ਮਾਲੀਆ ਇਕੱਠਾ ਕੀਤਾ, ਜਿਸ ਤੋਂ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਜੇਕਰ ਸਰਕਾਰ ਦੀ ਪ੍ਰਵਾਨਗੀ ਨਾਲ ਸੂਬੇ ਅੰਦਰ ਏਨੀ ਵੱਡੀ ਮਾਤਰਾ ਵਿਚ ਸ਼ਰਾਬ ਦੀ ਵਿਕਰੀ ਹੋਈ ਹੈ, ਤਾਂ ਨਜਾਇਜ਼ ਸ਼ਰਾਬ ਦਾ ਵਪਾਰ ਕਿੰਨਾ ਵਸੀਹ ਹੋਵੇਗਾ? ਪੰਜਾਬ ਸਰਕਾਰ ਦੇ ਅੰਕੜਿਆਂ ਅਨੁਸਾਰ ਅਪ੍ਰੈਲ 2017 ਤੋਂ ਜਨਵਰੀ 2022 ਤਕ 51,461 ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਦਰਜ ਕੀਤੇ ਗਏ, ਜਿਨ੍ਹਾਂ ਵਿਚ 67,081 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ 2415 ਕਿਲੋ ਹੈਰੋਇਨ/ਸਮੈਕ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਤੰਬਾਕੂ ਦੀ ਵਰਤੋਂ ਅਤੇ ਵਪਾਰ ਦੇ ਅੰਕੜੇ ਵੀ ਹੈਰਾਨੀਜਨਕ ਹਨ।

ਪੰਜਾਬ ਦੀ ਧਰਤੀ 'ਤੇ ਨਸ਼ਿਆਂ ਦੀ ਵਰਤੋਂ ਦੇ ਇਹ ਅੰਕੜੇ ਗਹਿਰੀ ਚਿੰਤਾ ਵਾਲੇ ਹਨ। ਪੰਜਾਬ ਦੇ ਲੋਕ ਜੁਝਾਰੂ ਬਿਰਤੀ ਵਾਲੇ ਹਨ, ਜਿਨ੍ਹਾਂ ਨੂੰ ਸਮੇਂ-ਸਮੇਂ ਹਕੂਮਤਾਂ ਵੱਲੋਂ ਨਿਸ਼ਾਨਾ ਬਣਾਇਆ ਜਾਂਦਾ ਰਿਹਾ ਹੈ। ਪੰਜਾਬ ਦੀ ਧਰਤੀ 'ਤੇ ਨਸ਼ਿਆਂ ਦਾ ਇਹ ਰੁਝਾਨ ਨੌਜੁਆਨੀ ਨੂੰ ਆਪਣੇ ਸੱਭਿਆਚਾਰ, ਰਵਾਇਤਾਂ ਅਤੇ ਵਿਰਸੇ ਤੋਂ ਤੋੜਨ ਲਈ ਗਹਿਰੀ ਸਾਜ਼ਿਸ਼ ਦਾ ਹਿੱਸਾ ਹੈ, ਜੋ ਕਿ ਪੰਜਾਬੀਆਂ ਦੀ ਨਸਲਕੁਸ਼ੀ ਤੋਂ ਘੱਟ ਨਹੀਂ ਹੈ।

ਅੱਜ ਦਾ ਇਹ ਜਨਰਲ ਇਜਲਾਸ ਕੇਂਦਰ ਅਤੇ ਸੂਬਾ ਸਰਕਾਰ ਪਾਸੋਂ ਮੰਗ ਕਰਦਾ ਹੈ ਕਿ ਗੁਰੂਆਂ ਦੀ ਧਰਤੀ ਪੰਜਾਬ ਤੋਂ ਜਾਇਜ਼ ਨਜਾਇਜ਼ ਨਸ਼ੇ ਖ਼ਤਮ ਕਰਨ ਲਈ ਸੁਚੱਜੀ ਵਿਉਂਤਬੰਦੀ ਕੀਤੀ ਜਾਵੇ। ਸਰਕਾਰੀ ਤੌਰ 'ਤੇ ਵਿਕਦੇ ਸ਼ਰਾਬ ਆਦਿ ਦੇ ਨਸ਼ੇ ਤੋਂ ਹੋਣ ਵਾਲੀ ਆਮਦਨ ਦੀ ਥਾਂ ਹੋਰਨਾਂ ਖੇਤਰਾਂ ਵਿਚ ਆਮਦਨ ਦੇ ਬਦਲ ਤਿਆਰ ਕੀਤੇ ਜਾਣ, ਤਾਂ ਜੋ ਇਸ ਸਮਾਜਿਕ ਕੁਰੀਤੀ ਨੂੰ ਖਤਮ ਕਰਕੇ ਗੁਰੂਆਂ ਦੇ ਫ਼ਲਸਫ਼ੇ ਅਨੁਸਾਰ ਖੁਸ਼ਹਾਲ ਪੰਜਾਬ ਸਿਰਜਿਆ ਜਾ ਸਕੇ।

ਇਸ ਦੇ ਨਾਲ ਹੀ ਨੌਜੁਆਨੀ ਨੂੰ ਤਬਾਹ ਕਰਨ ਵਾਲੇ ਭਿਆਨਕ ਨਸ਼ਿਆਂ ਦੇ ਵਪਾਰ ਦਾ ਨੈਟਵਰਕ ਤੋੜਿਆ ਜਾਵੇ ਅਤੇ ਇਸ ਨੂੰ ਚਲਾਉਣ ਵਾਲੇ ਵਿਅਕਤੀਆਂ ਦੀਆਂ ਜਾਇਦਾਦਾਂ ਜਬਤ ਕੀਤੀਆਂ ਜਾਣ। ਸਰਕਾਰਾਂ ਨਸ਼ਿਆਂ ਵਿਚ ਗਲਤਾਨ ਨੌਜੁਆਨਾਂ ਪ੍ਰਤੀ ਸੁਹਿਰਦ ਪਹੁੰਚ ਅਪਣਾ ਕੇ ਉਨ੍ਹਾਂ ਨੂੰ ਸਮਾਜ ਵਿਚ ਖੁਸ਼ੀ ਖੁਸ਼ਹਾਲੀ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਲਈ ਵਿਸ਼ੇਸ਼ ਉਪਰਾਲੇ ਕਰਨ ਅਤੇ ਨਾਲ ਹੀ ਉਨ੍ਹਾਂ ਵਾਸਤੇ ਰੁਜ਼ਗਾਰ ਦੇ ਵਧੇਰੇ ਸਾਧਨ ਮੁਹੱਈਆ ਕਰਵਾਏ ਜਾਣ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਇਹ ਜਨਰਲ ਇਜਲਾਸ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕਰਦਾ ਹੈ ਕਿ ਨਸ਼ਿਆਂ ਵਿਰੁੱਧ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਸੰਦੇਸ਼ ਅਨੁਸਾਰ ਪਿੰਡ ਪੱਧਰ 'ਤੇ ਜਥੇ ਸਥਾਪਤ ਕਰਕੇ ਨਸ਼ੇ ਦਾ ਵਪਾਰ ਕਰਨ ਵਾਲੇ ਲੋਕਾਂ ਦਾ ਕਰੜਾ ਵਿਰੋਧ ਕੀਤਾ ਜਾਵੇ ਅਤੇ ਨਸ਼ੇ ਕਰਨ ਵਾਲੇ ਨੌਜੁਆਨਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾਣ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

**************************************************************

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22522

ਮਿਤੀ 17 - 11-2022

ਉਤਾਰਾ:
1. ਸ੍ਰ. ਭਗਵੰਤ ਸਿੰਘ ਜੀ ਮਾਨ, ਮੁੱਖ ਮੰਤਰੀ, ਪੰਜਾਬ।
2. ਇੰਚਾਰਜ ਜੀ ਸਕੱਤਰੇਤ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥ ਟੈਲੀਫੋਨ 2553957 2553958 2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੨੧ ਦੀ ਨਕਲ:-**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ ਪੂਰੇ ਵਿਸ਼ਵ ਦੇ ਲੋਕਾਂ ਲਈ ਅਧਿਆਤਮਿਕਤਾ ਦਾ ਕੇਂਦਰ ਹੈ, ਜਿਥੇ ਦੇਸ਼ ਦੁਨੀਆਂ ਦੀਆਂ ਸੰਗਤਾਂ ਰੋਜ਼ਾਨਾਂ ਨਤਮਸਤਕ ਹੋਣ ਲਈ ਪੁੱਜਦੀਆਂ ਹਨ। ਇਸ ਪਵਿੱਤਰ ਅਸਥਾਨ ਕਰਕੇ ਸ੍ਰੀ ਅੰਮ੍ਰਿਤਸਰ ਸ਼ਹਿਰ ਦੀ ਵੀ ਵੱਡੀ ਇਤਿਹਾਸਕ ਮਹੱਤਤਾ ਹੈ। ਪਰੰਤੂ ਦੁੱਖ ਦੀ ਗੱਲ ਹੈ ਕਿ ਸਰਕਾਰ ਅਤੇ ਪ੍ਰਸ਼ਾਸਨ ਦੀ ਲਾਪ੍ਰਵਾਹੀ ਕਰਕੇ ਸ਼ਹਿਰ ਅੰਦਰ ਸਾਫ਼-ਸਫ਼ਾਈ, ਪ੍ਰਬੰਧਕੀ ਢਾਂਚੇ ਅਤੇ ਟ੍ਰੈਫਿਕ ਵਿਵਸਥਾ ਦਾ ਬਹੁਤ ਮਾੜਾ ਹਾਲ ਹੈ, ਜੋ ਸ਼ਹਿਰ ਦੀ ਇਤਿਹਾਸਕਤਾ ਨਾਲ ਇਨਸਾਫ਼ ਨਹੀਂ ਹੈ। ਖ਼ਾਸ ਕਰਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਨੇੜਲੇ ਰਸਤਿਆਂ ਦੀ ਮਾੜੀ ਹਾਲਤ ਅਤੇ ਦੁਕਾਨਦਾਰਾਂ ਵੱਲੋਂ ਦੁਕਾਨਾਂ ਦੇ ਬਾਹਰ ਕੀਤੇ ਗਏ ਗੈਰ-ਕਾਨੂੰਨੀ ਕਬਜ਼ੇ ਆਵਾਜਾਈ ਦੀ ਸਮੱਸਿਆ ਵਿਚ ਹੋਰ ਵਾਧਾ ਕਰ ਰਹੇ ਹਨ। ਇਨ੍ਹਾਂ ਖਾਮੀਆਂ ਕਰਕੇ ਸ਼ਰਧਾਲੂਆਂ ਦੇ ਮਨਾਂ 'ਤੇ ਬੇਹੱਦ ਬੁਰਾ ਅਸਰ ਪੈ ਰਿਹਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਇਹ ਜਨਰਲ ਇਜਲਾਸ ਪੰਜਾਬ ਸਰਕਾਰ ਅਤੇ ਅੰਮ੍ਰਿਤਸਰ ਪ੍ਰਸ਼ਾਸਨ ਪਾਸੋਂ ਇਸ ਮਾਮਲੇ ਵੱਲ ਵਿਸ਼ੇਸ਼ ਤਵੱਜੋਂ ਦੇਣ ਲਈ ਆਖਦਾ ਹੈ। ਸ਼ਹਿਰ ਦੇ ਟ੍ਰੈਫਿਕ ਪ੍ਰਬੰਧ ਨੂੰ ਸੁਚਾਰੂ ਕਰਨ ਲਈ ਠੋਸ ਕਦਮ ਚੁੱਕੇ ਜਾਣ, ਬੇਤਰਤੀਬੇ ਵਾਹਨਾਂ ਨੂੰ ਨਿਯਮਤ ਕੀਤਾ ਜਾਵੇ। ਸ਼ਹਿਰ ਅੰਦਰ ਜਿੰਨੀ ਗਿਣਤੀ ਵਿਚ ਆਟੋ, ਈ-ਰਿਕਸ਼ਾ ਅਤੇ ਸਾਈਕਲ ਰਿਕਸ਼ਾ ਲੋੜੀਂਦੇ ਹੋਣ, ਓਨੇ ਹੀ ਚੱਲਣ ਨੂੰ ਯਕੀਨੀ ਬਣਾਇਆ ਜਾਵੇ। ਸੜਕਾਂ ਉੱਪਰ ਕਬਜ਼ਾ ਕਰਕੇ ਲਗਦੀਆਂ ਰੇਹੜੀਆਂ ਫੜੀਆਂ ਚੁਕਵਾਈਆਂ ਜਾਣ। ਦੁਕਾਨਾਂ ਦਾ ਸਮਾਨ ਦੁਕਾਨਾਂ ਦੇ ਅੰਦਰ ਤਕ ਸੀਮਤ ਰੱਖਣ ਲਈ ਕਬਜ਼ਾ ਹਟਾਉ ਵਿੰਗ ਸਥਾਪਤ ਕਰਕੇ ਕਾਰਵਾਈ ਕੀਤੀ ਜਾਵੇ।

ਖਾਸ ਕਰਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨੂੰ ਪੁੱਜਦੇ ਵੱਖ-ਵੱਖ ਰਸਤਿਆਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ। ਸੁਲਤਾਨਵਿੰਡ ਗੇਟ ਤੋਂ ਸ੍ਰੀ ਦਰਬਾਰ ਸਾਹਿਬ ਤਕ ਮਾਰਗ ਨੂੰ ਇਕ ਠੋਸ ਨੀਤੀ ਤਹਿਤ ਤਿਆਰ ਕੀਤਾ ਜਾਵੇ, ਜਿਸ ਦੇ ਦੋਵੇਂ ਪਾਸੇ ਨਾਲੀਆਂ ਨੂੰ ਬੰਦ ਕਰਕੇ ਅਤੇ ਬਿਜਲੀ ਦੇ ਖੰਭੇ ਨਿਯਮਤ ਕਰਕੇ ਪੂਰਾ ਰਸਤਾ ਵਰਤੋਂ ਵਿਚ ਲਿਆਉਣ ਲਈ ਤਿਆਰ ਕੀਤਾ ਜਾਵੇ। ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ/ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਤਕ ਬਜ਼ਾਰੀ ਰਸਤੇ ਦੀ ਹਾਲਤ ਸੁਧਾਰੀ ਜਾਵੇ। ਇਥੇ ਬਾਹਰ ਵਧਾਈਆਂ ਗਈਆਂ ਦੁਕਾਨਾਂ ਹਟਾਈਆਂ ਜਾਣ। ਇਸ ਦੇ ਨਾਲ ਹੀ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਪ੍ਰਵੇਸ਼ ਦੁਆਰ ਦੇ ਬਾਹਰ ਬਣੇ ਵਿਰਾਸਤੀ ਮਾਰਗ ਦੀ ਸਾਂਭ-ਸੰਭਾਲ ਵੱਲ ਉਚੇਚਾ ਧਿਆਨ ਦਿੱਤਾ ਜਾਵੇ। ਇਸ ਰਸਤੇ 'ਤੇ ਪੈਂਦੀਆਂ ਦੁਕਾਨਾਂ ਦਾ ਸਮਾਨ ਵੀ ਦੁਕਾਨਾਂ ਦੇ ਅੰਦਰ ਤਕ ਸੀਮਤ ਰੱਖਣਾ ਯਕੀਨੀ ਬਣਾਇਆ ਜਾਵੇ। ਇਸ ਨੂੰ ਪਹਿਲ ਦੇ ਅਧਾਰ 'ਤੇ ਲਿਆ ਜਾਵੇ, ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ ਅਤੇ ਉਹ ਇਥੋਂ ਚੰਗਾ ਪ੍ਰਭਾਵ ਲੈ ਕੇ ਜਾਣ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22523

ਮਿਤੀ 17 - 11-2022

ਉਤਾਰਾ:
1. ਸ੍ਰ. ਭਗਵੰਤ ਸਿੰਘ ਜੀ ਮਾਨ, ਮੁੱਖ ਮੰਤਰੀ, ਪੰਜਾਬ।
2. ਸ੍ਰ. ਕਰਮਜੀਤ ਸਿੰਘ ਜੀ ਮੇਅਰ, ਸ੍ਰੀ ਅੰਮ੍ਰਿਤਸਰ ਸਾਹਿਬ।
3. ਪੁਲਿਸ ਕਮਿਸ਼ਨਰ ਜੀ, ਪੁਲਿਸ ਕਮਿਸ਼ਨਰੇਟ, ਸ੍ਰੀ ਅੰਮ੍ਰਿਤਸਰ ਸਾਹਿਬ।
4. ਕਮਿਸ਼ਨਰ ਜੀ, ਨਗਰ ਨਿਗਮ, ਸ੍ਰੀ ਅੰਮ੍ਰਿਤਸਰ ਸਾਹਿਬ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

੧ਓ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੨੨ ਦੀ ਨਕਲ:-**

ਸਿੱਖਾਂ ਵੱਲੋਂ ਵੱਡੀਆਂ ਕੁਰਬਾਨੀਆਂ ਤੋਂ ਬਾਅਦ ਸੰਨ 1920 ਵਿਚ ਸਥਾਪਤ ਹੋਈ ਸਿੱਖ ਪੰਥ ਦੀ ਨੁਮਾਇੰਦਾ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੀਆਂ ਸਦੀ ਦੌਰਾਨ ਵੱਡੀਆਂ ਪ੍ਰਾਪਤੀਆਂ ਰਹੀਆਂ ਹਨ। ਇਸ ਨੇ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤਕ ਗੁਰਦੁਆਰਾ ਸਾਹਿਬਾਨ ਦੀ ਪੰਥਕ ਮਰਯਾਦਾ ਅਨੁਸਾਰ ਸੇਵਾ-ਸੰਭਾਲ, ਧਰਮ ਦਾ ਪ੍ਰਚਾਰ ਪ੍ਰਸਾਰ, ਵਿਦਿਅਕ ਅਤੇ ਸਿਹਤ ਸੇਵਾਵਾਂ ਦੇ ਖੇਤਰ ਵਿਚ ਵੱਡੀਆਂ ਮੱਲਾਂ ਮਾਰੀਆਂ ਅਤੇ ਇਸ ਦੇ ਨਾਲ ਹੀ ਮਾਨਵ ਭਲਾਈ ਲਈ ਵੀ ਮਿਸਾਲੀ ਕਾਰਜ ਕੀਤੇ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੇਹਤਰ ਸੇਵਾਵਾਂ ਲਈ ਹਮੇਸ਼ਾ ਹੀ ਸਮੇਂ ਦੇ ਹਾਣ ਦੀਆਂ ਤਰਜੀਹਾਂ ਅਨੁਸਾਰ ਅੱਗੇ ਵਧੀ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਾਰਜਾਂ ਨੂੰ ਹੋਰ ਵਿਉਂਤਬੰਦ ਕਰਨ ਲਈ ਇਸ ਸੰਸਥਾ ਦੇ ਸਾਰੇ ਅਹੁਦੇਦਾਰ, ਮੈਂਬਰ, ਅਧਿਕਾਰੀ ਅਤੇ ਕਰਮਚਾਰੀ ਵਚਨਬੱਧ ਹਨ। ਇਸੇ ਦਿਸ਼ਾ ਵਿਚ ਅੱਜ ਦਾ ਇਹ ਜਨਰਲ ਇਜਲਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਾਲੇ ਗੁਰਦੁਆਰਾ ਸਾਹਿਬਾਨ ਦੇ ਲੰਗਰਾਂ, ਜਾਇਦਾਦਾਂ, ਸਰਾਵਾਂ ਇਸ ਦੇ ਨਾਲ ਹੀ ਵਿਦਿਅਕ ਅਦਾਰਿਆਂ, ਵਿੱਤੀ ਮਾਮਲਿਆਂ ਸਮੇਤ ਹੋਰ ਕਾਰਜਾਂ ਨੂੰ ਸਚਾਰੂ ਢੰਗ ਨਾਲ ਚਲਾਉਣ ਲਈ ਮੈਂਬਰ ਇੰਚਾਰਜ ਨਿਯੁਕਤ ਕਰਨ ਦੀ ਪ੍ਰਵਾਨਗੀ ਦਿੰਦਾ ਹੈ। ਮੈਂਬਰ ਇੰਚਾਰਜ ਲਗਾਉਣ ਦੇ ਅਧਿਕਾਰ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਪਾਸ ਹੋਣਗੇ।

---

ਦਫਤਰ:- **ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22524

ਮਿਤੀ 17-11-2022

ਉਤਾਰਾ:
1. ਸਕੱਤਰ ਜੀ (                    ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਓ.ਐਸ.ਡੀ. ਜੀ (ਪ੍ਰਧਾਨ ਸਾਹਿਬ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਐਡੀ:ਸਕੱਤਰ ਜੀ (                    ), ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ (                    ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

E-mail:
info@sgpc.net

ੴ ਵਾਹਿਗੁਰੂ ਜੀ ਕੀ ਫ਼ਤਹ ॥

ਟੈਲੀਫੋਨ 2553957
2553958
2553959

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਜਨਰਲ ਕਮੇਟੀ ਦੀ ਇਕੱਤਰਤਾ ੨੪ ਕੱਤਕ ਸੰਮਤ ਨਾਨਕਸ਼ਾਹੀ ੫੫੪, ਮੁਤਾਬਿਕ (੦੯-੧੧-੨੦੨੨) ਦੇ ਮਤਾ ਨੰਬਰ ੨੩ ਦੀ ਨਕਲ:-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ ਅੱਜ ਦਾ ਜਨਰਲ ਇਜਲਾਸ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਟਰੱਸਟਾਂ ਦੇ ਟਰੱਸਟੀ ਨਾਮਜ਼ਦ ਕਰਨ, ਗੁਰਦੁਆਰਾ ਸਾਹਿਬਾਨ ਤੇ ਵਿਦਿਅਕ ਅਦਾਰਿਆਂ ਦੀਆਂ ਸਬ-ਕਮੇਟੀਆਂ, ਸਲਾਹਕਾਰ ਕਮੇਟੀਆਂ, ਲੋਕਲ ਮੈਨੇਜਿੰਗ ਕਮੇਟੀਆਂ ਬਨਾਉਣ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਨਵੀਂ ਦਿੱਲੀ, ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ (ਬਿਹਾਰ), ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਨਾਂਦੇੜ (ਮਹਾਂਰਾਸ਼ਟਰ) ਦੇ ਬੋਰਡਾਂ ਤੇ ਹੋਰ ਕਮੇਟੀਆਂ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਨੁਮਾਇੰਦੇ ਨਾਮਜ਼ਦ ਕਰਨ ਦੇ ਅਧਿਕਾਰ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਦਿੰਦਾ ਹੈ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22525

ਮਿਤੀ 17-11-2022

ਉਤਾਰਾ:
1. ਸਕੱਤਰ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
3. ਇੰਚਾਰਜ ਜੀ (                )

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਪ੍ਰਤਾਪ ਸਿੰਘ
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।